Tape/CD: 1332

# ਪੰਨਾ ੬੩੩

ਸੋਰਠਿ ਮਹਲਾ ੯ ॥ ਇਹ ਜਗਿ ਮੀਤੁ ਨ ਦੇਖਿਓ ਕੋਈ ॥ ਸਗਲ
ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥ ੧ ॥ ਰਹਾਉ
॥ ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ ਜਬ ਹੀ
ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ ॥ ੧ ॥ ਕਹੰਉ
ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ ਦੀਨਾ
ਨਾਥ ਸਗਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥ ੨ ॥ ਸੁਆਨ ਪੂਛ
ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ ਨਾਨਕ ਲਾਜ
ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥ ੩ ॥ ੯ ॥

Tape/CD: 1332

# ਪੰਨਾ ੬੧੧-੬੧੨

## ਸੋਰਠਿ ਮਹਲਾ ੫ ਘਰੁ ੨ ਚਉਪਦੇ

ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਗੁਰ ਹਾਈ ॥ ਸੁਣਿ ਮੀਤਾ ਜੀਉ ਹਮਾਰਾ ਬਲਿ ਬਲਿ ਜਾਸੀ ਹਰਿ ਦਰਸਨੁ ਦੇਹੁ ਦਿਖਾਈ ॥ ੧ ॥ ਸੁਣਿ ਮੀਤਾ ਧੂਰੀ ਕਉ ਬਲਿ ਜਾਈ ॥ ਇਹੁ ਮਨੁ ਤੇਰਾ ਭਾਈ ॥ ਰਹਾਉ ॥ ਪਾਵ ਮਲੋਵਾ ਮਲਿ ਮਲਿ ਧੋਵਾ ਇਹੁ ਮਨੁ ਤੈ ਕੂ ਦੇਸਾ ॥ ਸੁਣਿ ਮੀਤਾ ਹਉ ਤੇਰੀ ਸਰਣਾਈ ਆਇਆ ਪ੍ਰਭ ਮਿਲਉ ਦੇਹੁ ਉਪਦੇਸਾ ॥ ੨ ॥ ਮਾਨੁ ਨ ਕੀਜੈ ਸਰਣਿ ਪਰੀਜੈ ਕਰੈ ਸੁ ਭਲਾ ਮਨਾਈਐ ॥ ਸੁਣਿ ਮੀਤਾ ਜੀਉ ਪਿੰਡੁ ਸਭੁ ਤਨੁ ਅਰਪੀਜੈ ਇਉ ਦਰਸਨੁ ਹਰਿ ਜੀਉ ਪਾਈਐ ॥ ੩ ॥ ਭਇਓ ਅਨੁਗ੍ਰਹੁ ਪ੍ਰਸਾਦਿ ਸੰਤਨ ਕੈ ਹਰਿ ਨਾਮਾ ਹੈ ਮੀਠਾ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਸਭੁ ਅਕੁਲ ਨਿਰੰਜਨੁ ਡੀਠਾ ॥ ੪ ॥ ੧ ॥ ੧੨ ॥

Tape/CD: 1332 ਪੰਨਾ ੫੭੬-੫੭੭

## ਰਾਗੁ ਵਡਹੰਸੁ ਮਹਲਾ ੫ ਛੰਤ ਘਰੁ ੪

ਗੁਰ ਮਿਲਿ ਲਧਾ ਜੀ ਰਾਮੁ ਪਿਆਰਾ ਰਾਮ ॥ ਇਹੁ ਤਨੁ ਮਨੁ ਦਿਤੜਾ ਵਾਰੋ ਵਾਰਾ ਰਾਮ ॥ ਤਨੁ ਮਨੁ ਦਿਤਾ ਭਵਜਲੁ ਜਿਤਾ ਚੂਕੀ ਕਾਂਣਿ ਜਮਾਣੀ ॥ ਅਸਥਿਰੁ ਥੀਆ ਅੰਮ੍ਰਿਤੁ ਪੀਆ ਰਹਿਆ ਆਵਣ ਜਾਣੀ ॥ ਸੋ ਘਰੁ ਲਧਾ ਸਹਜਿ ਸਮਧਾ ਹਰਿ ਕਾ ਨਾਮੁ ਅਧਾਰਾ ॥ ਕਹੁ ਨਾਨਕ ਸੁਖਿ ਮਾਣੇ ਰਲੀਆਂ ਗੁਰ ਪੂਰੇ ਕੰਉ ਨਮਸਕਾਰਾ ॥ ੧ ॥ ਸੁਣਿ ਸਜਣ ਜੀ ਮੈਡੜੇ ਮੀਤਾ ਰਾਮ ॥ ਗੁਰਿ ਮੰਤ੍ਰੁ ਸਬਦੁ ਸਚੁ ਦੀਤਾ ਰਾਮ ॥ ਸਚੁ ਸਬਦੁ ਧਿਆਇਆ ਮੰਗਲੁ ਗਾਇਆ ਚੂਕੇ ਮਨਹੁ ਅਦੇਸਾ ॥ ਸੋ ਪ੍ਰਭੁ ਪਾਇਆ ਕਤਹਿ ਨ ਜਾਇਆ ਸਦਾ ਸਦਾ ਸੰਗਿ ਬੈਸਾ ॥ ਪ੍ਰਭ ਜੀ ਭਾਣਾ ਸਚਾ ਮਾਣਾ ਪ੍ਰਭਿ ਹਰਿ ਧਨੁ ਸਹਜੇ ਦੀਤਾ ॥ ਕਹੁ ਨਾਨਕ ਤਿਸੁ ਜਨ ਬਲਿਹਾਰੀ ਤੇਰਾ ਦਾਨੁ ਸਭਨੀ ਹੈ ਲੀਤਾ ॥ ੨ ॥ ਤਉ ਭਾਣਾ ਤਾਂ ਤ੍ਰਿਪਤਿ ਅਘਾਏ ਰਾਮ ॥ ਮਨੁ ਥੀਆ ਠੰਢਾ ਸਭ ਤ੍ਰਿਸਨ ਬੁਝਾਏ ਰਾਮ ॥ ਮਨੁ ਥੀਆ ਠੰਢਾ ਚੂਕੀ ਡੰਝਾ ਪਾਇਆ ਬਹੁਤੁ ਖਜਾਨਾ ॥ ਸਿਖ ਸੇਵਕ ਸਭਿ ਭੁੰਚਣ ਲਗੇ ਹੰਉ ਸਤਗੁਰ ਕੈ ਕੁਰਬਾਨਾ ॥ ਨਿਰਭਉ ਭਏ ਖਸਮ ਰੰਗਿ ਰਾਤੇ ਜਮ ਕੀ ਤ੍ਰਾਸ ਬੁਝਾਏ ॥ ਨਾਨਕ ਦਾਸੁ ਸਦਾ ਸੰਗਿ ਸੇਵਕੁ ਤੇਰੀ ਭਗਤਿ ਕਰੰਉ ਲਿਵ ਲਾਏ ॥ ੩ ॥ ਪੂਰੀ ਆਸਾ ਜੀ ਮਨਸਾ ਮੇਰੇ ਰਾਮ ॥ ਮੋਹਿ ਨਿਰਗੁਣ ਜੀਉ ਸਭਿ ਗੁਣ ਤੇਰੇ ਰਾਮ ॥ ਸਭਿ ਗੁਣ ਤੇਰੇ ਠਾਕੁਰ ਮੇਰੇ ਕਿਤੁ ਮੁਖਿ ਤੁਧੁ ਸਾਲਾਹੀ ॥ ਗੁਣੁ ਅਵਗੁਣੁ ਮੇਰਾ ਕਿਛੁ ਨ ਬੀਚਾਰਿਆ ਬਖਸਿ ਲੀਆ ਖਿਨ ਮਾਹੀ ॥ ਨਉ ਨਿਧਿ ਪਾਈ ਵਜੀ ਵਾਧਾਈ ਵਾਜੇ ਅਨਹਦ ਤੂਰੇ ॥ ਕਹੁ ਨਾਨਕ ਮੈ ਵਰੁ ਘਰਿ ਪਾਇਆ ਮੇਰੇ ਲਾਥੇ ਜੀ ਸਗਲ ਵਿਸੂਰੇ ॥ ੪ ॥ ੧ ॥